ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 1

ਫ਼ਿਰੋਜਪੁਰ ਜ਼ਿਲ੍ਹਾ ਹੋਇਆ ਕੋਰੋਨਾ ਮੁਕਤ, ਸਿਹਤਮੰਦ ਹੋਣ ਤੋਂ ਬਾਅਦ ਆਈਸੋਲੇਸ਼ਨ ਵਾਰਡ ਵਿਚ ਦਾਖਲ ਸਾਰੇ ਮਰੀਜ਼ਾਂ ਨੂੰ ਮਿਲੀ ਛੁੱਟੀ
ਡਿਪਟੀ ਕਮਿਸ਼ਨਰ ਫ਼ਿਰੋਜਪੁਰ ਨੇ ਸਿਵਲ ਹਸਪਤਾਲ ਵਿਚ ਪਹੁੰਚ ਕੇ ਡਿਸਚਾਰਜ ਹੋ ਰਹੇ ਸਾਰੇ ਵਿਕਤੀਆਂ ਨੂੰ ਦਿੱਤੀਆਂ ਸ਼ੁੱਭਕਾਮਨਾਵਾਂ,
ਸਰਕਾਰ ਵੱਲੋਂ ਜਾਰੀ ਨਿਯਮਾਂ ਦੀ ਪਾਲਨਾ ਕਰਨ ਲਈ ਵੀ ਕਿਹਾ

ਫ਼ਿਰੋਜਪੁਰ, 16 ਮਈ ( )

ਕੋਰੋਨਾ ਵਾਇਰਸ ਦੀ ਮਹਾਂਮਾਰੀ  ਦੌਰਾਨ ਜ਼ਿਲ੍ਹੇ ਵਿਚ ਰਾਹਤ ਭਰੀ ਖ਼ਬਰ ਆਈ ਹੈ ਕਿਉਂਕਿ ਫਿਰੋਜ਼ਪੁਰ ਜ਼ਿਲ੍ਹਾ ਇੱਕ ਵਾਰ ਫਿਰ ਕੋਰੋਨਾ ਮੁਕਤ ਹੋ ਗਿਆ ਹੈ। ਸ਼ਨੀਵਾਰ ਨੂੰ ਸਿਹਤ ਵਿਭਾਗ ਨੇ ਸਿਵਲ ਹਸਪਤਾਲ ਦੇ ਆਈਸੋਲੇਸ਼ਨ ਵਾਰਡ ਵਿਚ ਦਾਖਲ ਬਾਕੀ ਦੇ 3 ਮਰੀਜ਼ਾ ਨੂੰ ਵੀ ਛੁੱਟੀ ਦੇ ਦਿੱਤੀ ਹੈ ਅਤੇ ਉਨ੍ਹਾਂ ਨੂੰ ਘਰ ਭੇਜ ਦਿੱਤਾ ਗਿਆ ਹੈ। ਸ਼ੁੱਕਰਵਾਰ ਨੂੰ ਨੈਗੇਟਿਵ ਰਿਪੋਰਟ ਆਉਣ ਅਤੇ ਸਿਹਤ ਵਿਭਾਗ ਦੀ ਨਵੀਆਂ ਗਾਈਡਲਾਈਨਸ ਮੁਤਾਬਿਕ 39 ਮਰੀਜ਼ਾਂ ਨੂੰ ਛੁੱਟੀ ਦੇ ਦਿੱਤੀ ਗਈ ਸੀ। ਹਸਪਤਾਲ ਵਿਚ ਕੁੱਲ 42 ਐਕਟਿਵ ਮਰੀਜ਼ ਸੀ, ਜੋ ਕਿ ਹੁਣ ਸਿਹਤਮੰਦ ਹੋ ਕੇ ਘਰ ਜਾ ਚੁੱਕੇ ਹਨ।

ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ, ਸਿਵਲ ਸਰਜਨ ਡਾ. ਨਵਦੀਪ ਸਿੰਘ ਅਤੇ ਐਸਐਮਓ ਅਵਿਨਾਸ਼ ਜਿੰਦਲ ਦੀ ਮੌਜੂਦਗੀ ਵਿਚ ਸਾਰੇ ਤਿੰਨਾਂ ਮਰੀਜ਼ਾਂ ਨੂੰ ਹਸਪਤਾਲ ਨੂੰ ਛੁੱਟੀ ਦੇ ਦਿੱਤੀ ਗਈ ਹੈ ਅਤੇ ਉਨ੍ਹਾਂ ਉੱਪਰ ਫੁੱਲਾਂ ਦੀ ਵਰਖਾ ਕਰ ਕੇ ਉਨ੍ਹਾਂ ਨੂੰ ਹਸਪਤਾਲ ਤੋਂ ਘਰ ਭੇਜ ਦਿੱਤਾ ਗਿਆ ਹੈ। ਹਸਪਤਾਲ ਵਿਚ ਮੌਜੂਦ ਸਟਾਫ਼ ਨੇ ਤਾੜੀਆਂ ਵਜਾ ਕੇ ਘਰ ਜਾ ਰਹੇ ਲੋਕਾਂ ਦਾ ਸਨਮਾਨ ਕੀਤਾ ਅਤੇ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਵੀ ਸਾਰਿਆਂ ਨੂੰ ਮਿਠਾਈ ਵੰਡੀ। ਸਿਵਲ ਹਸਪਤਾਲ ਦੀ ਐਂਬੂਲੈਂਸ ਰਾਹੀਂ ਉਨ੍ਹਾਂ ਨੂੰ ਘਰ ਭੇਜਿਆ ਗਿਆ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਕਾਫੀ ਰਾਹਤ ਭਰੀ ਖ਼ਬਰ ਹੈ ਕਿ ਹੁਣ ਫਿਰੋਜ਼ਪੁਰ ਜ਼ਿਲ੍ਹੇ ਵਿਚ ਕੋਰੋਨਾ ਵਾਇਰਸ ਦਾ ਇੱਕ ਵੀ ਐਕਟਿਵ ਕੇਸ ਨਹੀਂ ਹੈ। ਸਾਰੇ ਲੋਕ ਡਿਸਚਾਰਜ ਹੋ ਚੁੱਕੇ ਹਨ। ਹੁਣ ਜ਼ਿਲ੍ਹੇ ਨੂੰ ਕੋਰੋਨਾ ਮੁਕਤ ਕਿਹਾ ਜਾ ਸਕਦਾ ਹੈ, ਕਿਉਂਕਿ ਨਾ ਤਾ ਆਈਸੋਲੇਸ਼ਨ ਵਾਰਡ ਵਿਚ ਤੇ ਨਾ ਹੀ ਕੁਆਰਨਟਾਈਨ ਸੈਂਟਰਾਂ ਵਿਚ ਕੋਈ ਵਿਅਕਤੀ ਰਹਿ ਰਿਹਾ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਤੋਂ ਡਿਸਚਾਰਜ ਹੋਏ ਸਾਰੇ ਵਿਅਕਤੀ ਅਗਲੇ 7 ਦਿਨ ਤੱਕ ਹੋਮ ਆਈਸੋਲੇਸ਼ਨ ਵਿਚ ਰਹਿਣਗੇ ਅਤੇ ਕਿਸੇ ਦੇ ਸੰਪਰਕ ਵਿਚ ਨਹੀਂ ਆਉਣਗੇ। ਉਨ੍ਹਾਂ ਨੂੰ ਘਰ ਵਿਚ ਬਿਲਕੁਲ ਵੱਖਰਾ ਰਹਿਣਾ ਪਵੇਗਾ ਅਤੇ ਨਿਯਮਾਂ ਦਾ ਸਖ਼ਤੀ ਨਾਲ ਪਾਲਨਾ ਕਰਨੀ ਹੋਵੇਗੀ। ਸਾਰਿਆਂ ਦੇ ਮੋਬਾਈਲ ਵਿਚ ਕੋਵਾ ਐਪ ਡਾਊਨਲੋਡ ਕਰਵਾਈ ਗਈ ਹੈ, ਜਿਸ ਉੱਪਰ ਉਨ੍ਹਾਂ ਨੂੰ ਰੋਜ਼ਾਨਾ ਸਿਹਤ ਦੀ ਜਾਣਕਾਰੀ ਦੇਣੀ ਹੋਵੇਗੀ। ਜੀਪੀਐਸ ਰਾਹੀਂ ਵੀ ਉਨ੍ਹਾਂ ਦੀ ਮੋਨੀਟਰਿੰਗ ਕੀਤੀ ਜਾਵੇਗੀ।

ਸਿਵਲ ਸਰਜਨ ਡਾ. ਨਵਦੀਪ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਕੁੱਲ 1698 ਲੋਕਾਂ ਦੇ ਸੈਂਪਲ ਕੋਰੋਨਾ ਟੈੱਸਟ ਲਈ ਭੇਜੇ ਜਾ ਚੁੱਕੇ ਹਨ, ਜਿਸ ਵਿਚੋਂ 1603 ਦੀ ਰਿਪੋਰਟ ਨੈਗੇਟਿਵ ਆ ਚੁੱਕੀ ਹੈ। ਜਦਕਿ 42 ਪੋਜਟਿਵ ਮਰੀਜ਼ ਤੰਦਰੁਸਤ ਹੋਣ ਤੋਂ ਬਾਅਦ ਹਸਪਤਾਲ ਵਿਚੋਂ ਡਿਸਚਾਰਜ ਹੋ ਕੇ ਘਰ ਜਾ ਚੁੱਕੇ ਹਨ। ਹੁਣ ਸਿਰਫ਼ 29 ਲੋਕਾਂ ਦੇ ਸੈਂਪਲਾਂ ਦੀ ਰਿਪੋਰਟ ਲੈਬ ਵਿਚ ਪੈਂਡਿੰਗ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜਪੁਰ

ਪ੍ਰੈਸ ਨੋਟ 2

ਫ਼ਿਰੋਜਪੁਰ ਰੇਲਵੇ ਸਟੇਸ਼ਨ ਤੋਂ 1190 ਪ੍ਰਵਾਸੀਆਂ ਵਾਲੀ ਚੌਥੀ 'ਸ਼੍ਰਮਿਕ ਐਕਸਪ੍ਰੈੱਸ' ਰੇਲ ਗੱਡੀ ਗੌਂਡਾ ਜ਼ਿਲ੍ਹੇ ਲਈ ਹੋਈ ਰਵਾਨਾ, ਸੂਬਾ ਸਰਕਾਰ ਨੇ ਖਰਚੇ 6.12 ਲੱਖ ਰੁਪਏ

ਡਿਪਟੀ ਕਮਿਸ਼ਨਰ ਨੇ ਹਰੀ ਝੰਡੀ ਦਿਖਾ ਕੇ ਟ੍ਰੇਨ ਨੂੰ ਕੀਤਾ ਰਵਾਨਾ, ਚਾਰ ਟ੍ਰੇਨਾਂ ਤੇ ਸਰਕਾਰ ਖ਼ਰਚ ਕਰ ਚੁਕੀ ਹੈ 24.48 ਲੱਖ ਰੁਪਏ ਦੀ ਰਕਮ

ਫ਼ਿਰੋਜਪੁਰ, 16 ਮਈ 2020 ( )

ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪ੍ਰਵਾਸੀਆਂ ਨੂੰ ਉਨ੍ਹਾਂ ਦੇ ਜੱਦੀ ਸੂਬੇ ਵਿੱਚ ਭੇਜਣ ਲਈ ਕੀਤੇ ਗਏ ਅਣਥੱਕ ਯਤਨਾਂ ਸਦਕਾ 'ਚੌਥੀ ਸ਼੍ਰਮਿਕ ਐਕਸਪ੍ਰੈੱਸ' ਰੇਲ ਗੱਡੀ 1190 ਪ੍ਰਵਾਸੀਆਂ ਨੂੰ ਲੈ ਕੇ ਫ਼ਿਰੋਜਪੁਰ ਕੈਂਟ ਰੇਲਵੇ ਸਟੇਸ਼ਨ ਤੋਂ ਯੂ.ਪੀ. ਗੌਂਡਾ ਜ਼ਿਲ੍ਹੇ ਲਈ ਰਵਾਨੀ ਹੋਈ। ਗੱਡੀ ਨੂੰ ਰਵਾਨਾ ਕਰਨ ਲਈ ਡਿਪਟੀ ਕਮਿਸ਼ਨਰ ਫ਼ਿਰੋਜਪੁਰ ਸ਼੍ਰੀ ਕੁਲਵੰਤ ਸਿੰਘ ਰੇਲਵੇ ਸਟੇਸ਼ਨ ਪੁੱਜੇ ਅਤੇ ਹਰੀ ਝੰਡੀ ਦੇਕੇ ਟ੍ਰੇਨ ਨੂੰ ਰਵਾਨਾ ਕੀਤਾ।

ਉਨ੍ਹਾਂ ਦਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਰੇਲ ਗੱਡੀ ਦਾ ਸਾਰਾ ਖ਼ਰਚਾ ਜੋ 6.12 ਲੱਖ ਰੁਪਏ ਆਵੇਗਾ ਖ਼ਰਚ ਕੀਤਾ ਜਾਵੇਗਾ। ਪੰਜਾਬ ਸਰਕਾਰ ਵੱਲੋਂ ਚਾਰ ਰੇਲ ਗੱਡੀਆਂ'ਤੇ ਕਰੀਬ 24.48 ਲੱਖ ਰੁਪਏ ਖ਼ਰਚੇ ਜਾ ਚੁਕੇ ਹਨ। ਜ਼ਿਕਰਯੋਗ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪ੍ਰਵਾਸੀਆਂ ਨੂੰ ਵਾਪਿਸ ਭੇਜਣ ਲਈ ਪਹਿਲੇ ਪੜਾਅ ਦੌਰਾਨ ਰੇਲਵੇ ਵਿਭਾਗ ਨੂੰ ਰੇਲ ਕਿਰਾਏ ਵਜੋਂ ਕਰੋੜਾਂ ਰੁਪਏ ਜਾਰੀ ਕੀਤੇ ਗਏ ਹਨ। ਫ਼ਿਰੋਜਪੁਰ ਪ੍ਰਸ਼ਾਸਨ ਨੂੰ ਪੰਜਾਬ ਸਰਕਾਰ ਵੱਲੋਂ ਇਹ ਰਾਸ਼ੀ ਪ੍ਰਾਪਤ ਹੋ ਚੁੱਕੀ ਹੈ ਜੋ ਰੇਲਵੇ ਵਿਭਾਗ ਨੂੰ ਰਜਿਸਟਰਡ ਹੋਏ ਪ੍ਰਵਾਸੀਆਂ ਨੂੰ ਟਿਕਟ ਮੁਹੱਈਆ ਕਰਵਾਉਣ ਲਈ ਸਿੱਧੇ ਤੌਰ 'ਤੇ ਅਦਾ ਕੀਤੇ ਜਾ ਰਹੀ ਹੈ ਤਾਂ ਕਿ ਉਹ ਮੁਫ਼ਤ ਆਪਣੇ ਜੱਦੀ ਜ਼ਿਲ੍ਹਿਆਂ ਨੂੰ ਬਗੈਰ ਕਿਸੇ ਪਰੇਸ਼ਾਨੀ ਦੇ ਆਰਾਮ ਨਾਲ ਜਾ ਸਕਣ।

ਇਸੇ ਤਰਾਂ ਸਿਹਤ ਵਿਭਾਗ ਦੀ ਟੀਮ ਵੱਲੋਂ ਫਿਰੋਜ਼ਪੁਰ ਰੇਲਵੇ ਸਟੇਸ਼ਨ 'ਤੇ ਰੇਲ ਗੱਡੀ ਵਿੱਚ ਚੜ੍ਹਨ ਲਈ ਆਉਣ ਵਾਲੇ ਸਾਰੇ ਪ੍ਰਵਾਸੀਆਂ ਦੀ ਸਕਰੀਨਿੰਗ ਕੀਤੀ ਗਈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰੇਲ ਗੱਡੀ ਵਿੱਚ ਚੜ੍ਹਨ ਸਮੇਂ ਸਮਾਜਿਕ ਦੂਰੀ ਨੂੰ ਬਰਕਰਾਰ ਰੱਖਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ। ਇਸ ਤੋਂ ਇਲਾਵਾ ਸਾਰੇ ਯਾਤਰੀਆਂ ਨੂੰ ਰੇਲਵੇ ਸਟੇਸ਼ਨ ਦੀ ਐਂਟਰੀ ਤੇ ਖਾਨੇ ਦੇ ਪੈਕੇਟ, ਪਾਣੀ ਦੀਆਂ ਬੋਤਲਾਂ, ਫੇਸ ਮਾਸਕ ਸਮੇਤ ਕਈ ਚੀਜ਼ਾਂ ਉਪਲਬਧ ਕਰਵਾਈਆਂ ਗਈਆਂ। ਇਸ ਮੌਕੇ ਐਸਡੀਐਮ ਫ਼ਿਰੋਜਪੁਰ ਸ਼੍ਰੀ ਅਮਿਤ ਗੁਪਤਾ, ਸਹਾਇਕ ਕਮਿਸ਼ਨਰ ਸ਼੍ਰੀ ਕੰਵਰਜੀਤ ਸਿੰਘ, ਰੈੱਡ ਕਰਾਸ ਸੋਸਾਇਟੀ ਦੇ ਸੈਕਰੇਟਰੀ ਸ਼੍ਰੀ ਅਸ਼ੋਕ ਬਹਿਲ, ਕਾਨੂੰਨਗੋ ਰਾਕੇਸ਼ ਅਗਰਵਾਲ ਸਮੇਤ ਕਈ ਅਧਿਕਾਰੀ ਤੇ ਮੁਲਾਜ਼ਮ ਮੌਜੂਦ ਸੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 3

ਜ਼ਿਲ੍ਹੇ ਦੀਆਂ ਸਮੂਹ ਨਗਰ ਕੌਂਸਲਾਂ/ਨਗਰ ਪੰਚਾਇਤਾਂ ਵੱਲੋਂ ਕੋਰੋਨਾ ਵਾਇਰਸ ਵਿਰੁੱਧ ਕੀਤੇ ਗਏ ਕੰਮ ਸ਼ਲਾਘਾਯੋਗ ਰਹੇ ਹਨ:- ਡਾ: ਨਯਨ

ਭਵਿੱਖ ਵਿੱਚ ਵੀ ਨਗਰ ਕੌਂਸਲ ਦੇ ਅਧਿਕਾਰੀ/ਕਰਮਚਾਰੀ ਆਪਣੀ ਡਿਊਟੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਂਦੇ ਰਹਿਣਗੇ

ਫਿਰੋਜ਼ਪੁਰ 16 ਮਈ ( ) ਡਿਪਟੀ ਡਾਇਰੈਕਟਰ ਸਥਾਨਕ ਸਰਕਾਰ ਫਿਰੋਜ਼ਪੁਰ ਡਾ: ਨਯਨ (ਪੀ.ਸੀ.ਐਸ) ਨੇ ਦੱਸਿਆ ਕਿ ਸਰਕਾਰ ਦੀਆ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰ; ਕੁਲਵੰਤ ਸਿੰਘ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਫਿਰੋਜ਼ਪੁਰ ਜ਼ਿਲ੍ਹੇ ਅਧੀਨ ਆਉਂਦਿਆਂ ਸਮੂਹ ਨਗਰ ਕੌਂਸਲਾਂ/ਨਗਰ ਪੰਚਾਇਤਾਂ ਜਿਵੇਂ ਕਿ ਫਿਰੋਜ਼ਪੁਰ, ਜ਼ੀਰਾ, ਮੱਖੂ, ਮੱਲਾਂਵਾਲਾ, ਮਮਦੋਟ, ਗੁਰੂਹਰਸਹਾਏ, ਮੁਦਕੀ ਅਤੇ ਤਲਵੰਡੀ ਭਾਈ ਸ਼ਹਿਰ ਵਿੱਚ ਕੋਰੋਨਾ ਵਾਇਰਸ ਵਿਰੁੱਧ ਲੜ ਰਹੀ ਜੰਗ ਵਿਚ ਆਪਣਾ ਯੋਗਦਾਨ ਅਤੇ ਡਿਊਟੀ ਵੱਖ-ਵੱਖ ਕਾਰਜਾਂ ਰਾਹੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਈ ਜਾ ਰਹੀ ਹੈ। ਡਾ: ਨਯਨ ਨੇ ਦੱਸਿਆ ਕਿ ਨਗਰ ਕੌਂਸਲ ਫਿਰੋਜ਼ਪੁਰ ਨੇ ਜ਼ਿਲ੍ਹੇ ਦੇ ਲੋਕਾ ਨੂੰ ਇਸ ਵਾਇਰਸ ਤੋ ਬਚਾਉਣ ਲਈ ਲਾਕਡਾਊਨ ਦੌਰਾਨ ਵੀ ਸਫ਼ਾਈ ਦਾ ਕੰਮ ਨਿਰੰਤਰ ਚਾਲੂ ਰੱਖਿਆ ਹੈ। ਨਗਰ ਕੌਂਸਲ ਵੱਲੋਂ ਸ਼ਹਿਰ ਦੇ ਰਿਹਾਇਸ਼ੀ, ਕਮਰਸ਼ੀਅਲ, ਪਬਲਿਕ ਸਥਾਨਾਂ, ਧਾਰਮਿਕ ਸਥਾਨ, ਪੁਲਿਸ ਥਾਨੇ, ਬੈਂਕ, ਏ.ਟੀ.ਐਮ, ਸਰਕਾਰੀ ਅਤੇ ਪ੍ਰਾਈਵੇਟ ਦਫ਼ਤਰ ਆਦਿ ਤੇ ਰੋਜ਼ਾਨਾ ਪੱਧਰ ਤੇ ਸੈਨੇਟਾਇਜ ਕਰਵਾਇਆ ਜਾ ਰਿਹਾ ਹੈ। ਸ਼ਹਿਰਾਂ ਅੰਦਰ ਸੈਨੇਟਾਇਜੇਸ਼ਨ ਤੋ ਇਲਾਵਾ ਫੋਗਿੰਗ ਅਤੇ ਕੀਟਾਨੂਨਾਸ਼ਕ ਦਾ ਸਪਰੇਅ ਦਾ ਕੰਮ ਵੀ ਨਿਰੰਤਰ ਚੱਲ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਜਿੱਥੇ ਸਾਰੇ ਦੇਸ਼ ਵਿੱਚ ਲੋਕਾ ਨੂੰ ਇਸ ਵਾਇਰਸ ਦੇ ਪ੍ਰਕੋਪ ਤੋ ਜਾਗਰੂਕ ਕਰਨ ਲਈ ਮੁਨਾਦੀ, ਇਸ਼ਤਿਹਾਰ, ਫਲੈਕਸ ਬੈਨਰ ਆਦਿ ਰਾਹੀ ਜਾਗਰੂਕ ਕੀਤਾ ਜਾ ਰਿਹਾ ਹੈ। ਉੱਥੇ ਫਿਰੋਜ਼ਪੁਰ ਵੱਲੋਂ ਇਸ ਪ੍ਰਤੀ ਜਾਗਰੂਕ ਕਰਨ ਲਈ ਨਿਵੇਕਲਾ ਉਪਰਾਲਾ ਕਰਕੇ ਸ਼ਹਿਰ ਦੀਆ ਮੇਨ ਸੜਕਾਂ ਤੇ ਰੋਡ ਤੇ ਸਲੋਗਨ, ਪੇਂਟਿੰਗ ਆਦਿ ਰਾਹੀ ਲੋਕਾ ਨੂੰ ਜਾਗਰੂਕ ਕਰਨ ਲਈ ਚਿੱਤਰਕਾਰੀ ਕੀਤੀ ਗਈ ਹੈ, ਫਿਰੋਜ਼ਪੁਰ ਦੇ ਇਸੇ ਨਿਵੇਕਲਾ ਉਪਰਾਲੇ ਤੋ ਬਾਅਦ ਕਈ ਜ਼ਿਲ੍ਹਿਆਂ ਅਤੇ ਸ਼ਹਿਰਾਂ ਨੇ ਫਿਰੋਜ਼ਪੁਰ ਦੀ ਤਰਜ਼ ਤੇ ਇਸ ਪ੍ਰਕਾਰ ਦੀਆ ਗਤੀਵਿਧੀਆਂ ਕੀਤੀਆ ਗਈਆਂ। ਅੰਤ ਵਿੱਚ ਉਹਨਾ ਨੇ ਦੱਸਿਆ ਕਿ ਸਮੂਹ ਨਗਰ ਕੌਂਸਲਾਂ/ਨਗਰ ਪੰਚਾਇਤਾਂ ਦੇ ਅਧਿਕਾਰੀ/ਕਰਮਚਾਰੀ ਜੋ ਇਸ ਵਾਇਰਸ ਖ਼ਿਲਾਫ਼ ਆਪਣੀ ਡਿਊਟੀ ਨਿਭਾ ਰਹੇ ਹਨ ਉਹ ਸ਼ਲਾਘਾ ਦੇ ਪਾਤਰ ਹਨ ਅਤੇ ਮੈ ਉਮੀਦ ਕਰਦੀ ਹਾਂ ਕਿ ਭਵਿੱਖ ਵਿੱਚ ਵੀ ਉਹ ਆਪਣੀ ਡਿਊਟੀ ਇਸੇ ਪ੍ਰਕਾਰ ਨਿਭਾਉਂਦੇ ਰਹਿਣਗੇ ਅਤੇ ਲੋਕਾ ਨੂੰ ਵੀ ਅਪੀਲ ਹੈ ਕਿ ਉਹ ਆਪਣੇ ਸ਼ਹਿਰ ਦੀਆ ਸਥਾਨਕ ਸਰਕਾਰ ਦਾ ਸਹਿਯੋਗ ਕਰਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 4

ਐਸਬੀਆਈ ਬੈਂਕ ਨੇ ਕੋਰੋਨਾ ਖ਼ਿਲਾਫ਼ ਜੰਗ ਵਿਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤਾ ਸਹਿਯੋਗ, 1000 ਮਾਸਕ ਅਤੇ 100 ਲੀਟਰ ਸੈਨੇਟਾਈਜ਼ਰ ਅਤੇ 20 ਪੀਪੀਈ ਕਿੱਟਾਂ ਡਿਪਟੀ ਕਮਿਸ਼ਨਰ ਨੂੰ ਸੌਂਪੀਆਂ

ਫਿਰੋਜ਼ਪੁਰ 16 ਮਈ ( ) ਕੋਰੋਨਾ ਖ਼ਿਲਾਫ਼ ਜੰਗ ਵਿਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਵਜੋਂ ਐਸਬੀਆਈ ਬੈਂਕ ਦੇ ਰੀਜਨਲ ਮੈਨੇਜਰ ਰਾਕੇਸ਼ ਜਿੰਦਲ ਨੇ ਡਿਪਟੀ ਕਮਿਸ਼ਨਰ ਸ੍ਰ; ਕੁਲਵੰਤ ਸਿੰਘ ਨੂੰ 1000 ਮਾਸਕ ਅਤੇ 100 ਲੀਟਰ ਸੈਨੇਟਾਈਜ਼ਰ ਅਤੇ 20 ਪੀਪੀਈ ਕਿੱਟਾਂ ਦਿੱਤੀਆਂ। ਡਿਪਟੀ ਕਮਿਸ਼ਨਰ ਨੇ ਐਸਬੀਆਈ ਬੈਂਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਕੰਮ ਪ੍ਰਸ਼ਾਸਨ ਵੱਲੋਂ  ਕੋਰੋਨਾ ਖ਼ਿਲਾਫ਼ ਛੇੜੀ ਜੰਗ ਵਿਚ ਹੋਰ ਮਜ਼ਬੂਤੀ ਲਿਆਉਂਦੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਮਾਸਕ, ਸੈਨੇਟਾਈਜ਼ਰ ਅਤੇ ਪੀਪੀਈ ਕਿੱਟਾਂ ਕੋਰੋਨਾ ਖ਼ਿਲਾਫ਼ ਜੰਗ ਵਿਚ ਕੰਮ ਵਿਚ ਜੁਟੇ ਮੁਲਾਜ਼ਮਾਂ ਨੂੰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕੋਰੋਨਾ ਖ਼ਿਲਾਫ਼ ਜੰਗ ਨੂੰ ਜਿੱਤਣ ਲਈ ਸਾਰਿਆਂ ਦਾ ਸਹਿਯੋਗ ਜ਼ਰੂਰੀ ਹੈ। ਇਸ ਜੰਗ ਵਿਚ ਪਹਿਲਾਂ ਤੋਂ ਹੀ ਕਈ ਸਮਾਜਸੇਵੀ ਸੰਸਥਾਵਾਂ ਵੱਲੋਂ ਲੋੜਵੰਦਾਂ ਨੂੰ ਖਾਣਾ, ਰਾਸ਼ਨ, ਮਾਸਕ ਜਾਂ ਹੋਰ ਜ਼ਰੂਰੀ ਵਸਤੂਆਂ ਵੰਡੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਅੱਜ ਐਸਬੀਆਈ ਵੱਲੋਂ ਵੀ ਆਪਣੇ ਸਹਿਯੋਗ ਵਜੋਂ ਪ੍ਰਸ਼ਾਸਨ ਨੂੰ ਮਾਸਕ ਅਤੇ ਸੈਨੇਟਾਈਜ਼ਰ ਅਤੇ ਪੀਪੀਈ ਕਿੱਟਾਂ ਮੁਹੱਈਆ ਕਰਵਾਈਆਂ ਗਈਆਂ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਮ ਲੋਕ ਵੀ ਸਰਕਾਰ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਨਾ ਕਰਕੇ ਕੋਰੋਨਾ ਖ਼ਿਲਾਫ਼ ਇਸ ਜੰਗ ਵਿੱਚ ਆਪਣਾ ਸਹਿਯੋਗ ਦੇ ਸਕਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਇਸ ਸੰਕਟ ਦੀ ਘੜੀ ਵਿਚ ਦਿਨ ਰਾਤ ਕੰਮ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ ਇਸ ਲਈ ਲੋਕ ਵੀ ਆਪਣਾ ਫ਼ਰਜ਼ ਸਮਝਣ ਤੇ ਸਮੇਂ ਸਮੇਂ ਤੇ ਜਾਰੀ ਨਿਯਮਾਂ ਅਤੇ ਸਾਵਧਾਨੀਆਂ ਦੀ ਪਾਲਨਾ ਕਰਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 5

ਫ਼ਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ ਤੋਂ 1200 ਪ੍ਰਵਾਸੀ ਮਜ਼ਦੂਰਾਂ ਨੂੰ ਲੈ ਕੇ ਉੱਤਰ ਪ੍ਰਦੇਸ਼ (ਗੋਂਡਾ) ਲਈ ਪੰਜਵੀਂ ਸ਼੍ਰਮਿਕ ਐਕਸਪ੍ਰੈੱਸ ਟ੍ਰੇਨ ਹੋਈ ਰਵਾਨਾ

ਰਵਾਨਗੀ ਸਮੇਂ ਟ੍ਰੇਨ ਅੰਦਰ ਬੈਠੇ ਪ੍ਰਵਾਸੀ ਮਜ਼ਦੂਰਾਂ ਨੇ ਤਾੜੀਆਂ ਵਜਾ ਕੇ ਕੀਤਾ ਪੰਜਾਬ ਸਰਕਾਰ ਦਾ ਧੰਨਵਾਦ

ਰੇਲਵੇ ਸਟੇਸ਼ਨ ਦੀ ਐਂਟਰੀ ਮੌਕੇ ਸਾਰੇ ਪ੍ਰਵਾਸੀ ਮਜ਼ਦੂਰਾਂ ਨੂੰ ਫੂਡ ਪੈਕੇਟ, ਪਾਣੀ ਦੀਆਂ ਬੋਤਲਾਂ ਤੇ ਮਾਸਕ ਵੀ ਉੱਪਲੱਬਧ ਕਰਵਾਏ ਗਏ ਹਨ-ਐੱਸ.ਡੀ.ਐੱਮ

ਫਿਰੋਜ਼ਪੁਰ 16 ਮਈ 2020 ( )

ਗੁਰਦਾਸਪੁਰ, ਬਰਨਾਲਾ, ਮਾਨਸਾ, ਮੋਗਾ, ਫ਼ਾਜ਼ਿਲਕਾ ਅਤੇ ਫਿਰੋਜ਼ਪੁਰ ਸਮੇਤ ਮਾਲਵਾ ਦੇ ਹੋਰਨਾਂ ਜ਼ਿਲ੍ਹਿਆਂ ਦੇ 1200 ਪ੍ਰਵਾਸੀ ਮਜ਼ਦੂਰਾਂ ਨੂੰ ਲੈ ਕੇ ਫਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ ਤੋਂ ਪੰਜਵੀਂ ਸਪੈਸ਼ਲ ਸ਼੍ਰਮਿਕ ਐਕਸਪ੍ਰੈੱਸ ਟਰੇਨ ਸ਼ਨੀਵਾਰ ਸ਼ਾਮ 7 ਵਜੇ ਉੱਤਰ ਪ੍ਰਦੇਸ਼ (ਗੋਂਡਾ) ਲਈ ਰਵਾਨਾ ਹੋਈ।

ਇਹ ਜਾਣਕਾਰੀ ਦਿੰਦਿਆਂ ਐਸਡੀਐਮ ਅਮਿਤ ਗੁਪਤਾ ਨੇ ਦੱਸਿਆ ਕਿ ਪੰਜਾਬ ਵਿੱਚ ਲਾਕਡਾਊਨ ਕਰਕੇ ਫਸੇ ਮਜ਼ਦੂਰਾਂ ਨੂੰ ਆਪਣੇ ਘਰ ਵਾਪਸ ਭੇਜਣ ਲਈ ਪੰਜਾਬ ਸਰਕਾਰ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਗਈਆਂ ਹਨ, ਇਸੇ ਲੜੀ ਤਹਿਤ ਸ਼ਨੀਵਾਰ ਸ਼ਾਮ ਨੂੰ 7 ਵਜੇ ਫਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ ਤੋਂ ਪੰਜਵੀਂ ਟ੍ਰੇਨ ਉੱਤਰ ਪ੍ਰਦੇਸ਼ (ਗੋਂਡਾ) ਲਈ ਰਵਾਨਾ ਕੀਤੀ ਗਈ। ਇਸ ਟ੍ਰੇਨ ਵਿਚ 1200 ਪ੍ਰਵਾਸੀ ਮਜ਼ਦੂਰਾਂ ਨੂੰ ਭੇਜਿਆ ਗਿਆ ਹੈ ਅਤੇ ਟ੍ਰੇਨ ਦਾ 6 ਲੱਖ ਦੇ ਕਰੀਬ ਦਾ ਖਰਚਾ ਪੰਜਾਬ ਸਰਕਾਰ ਵੱਲੋਂ ਚੁੱਕਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਟਰੇਨਾਂ ਰਾਹੀਂ ਹੁਣ ਤੱਕ ਲਗਭਗ 6 ਹਜ਼ਾਰ ਪ੍ਰਵਾਸੀ ਮਜ਼ਦੂਰ (ਸ਼੍ਰਮਿਕ) ਰਵਾਨਾ ਕੀਤੇ ਗਏ ਹਨ ਤੇ ਸਾਰਿਆਂ ਨੂੰ ਫੂਡ ਪੈਕੇਟ, ਪਾਣੀ ਦੀਆਂ ਬੋਤਲਾਂ, ਫੇਸ ਮਾਸਕ ਵੀ ਉਪਲੱਬਧ ਕਰਵਾਏ ਗਏ, ਨਾਲ ਹੀ ਸੋਸ਼ਲ ਡਿਸਟੈਂਸਿੰਗ ਨੂੰ ਲੈ ਕੇ ਜਾਗਰੂਕ ਵੀ ਕੀਤਾ ਗਿਆ। ਟ੍ਰੇਨ ਦੀ ਰਵਾਨਗੀ ਮੌਕੇ ਅੰਦਰ ਬੈਠੇ ਸਾਰੇ ਪ੍ਰਵਾਸੀ ਮਜ਼ਦੂਰਾਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਉਪਰਾਲਿਆਂ ਦਾ ਤਾੜੀਆਂ ਵਜਾ ਕੇ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਉਪਰਾਲਿਆਂ ਸਦਕਾ ਹੀ ਉਹ ਇਸ ਔਖੀ ਘੜੀ ਵਿਚ ਆਪਣੇ ਘਰ ਵਾਪਸ ਪਰਤ ਰਹੇ ਹਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 6

ਫਿਰੋਜ਼ਪੁਰ ਤੋਂ ਗੋਂਡਾ ਲਈ ਟ੍ਰੇਨ ਚੜ੍ਹਨ ਤੋਂ ਪਹਿਲਾਂ ਪ੍ਰਵਾਸੀ ਮਜ਼ਦੂਰ ਦਾ ਬੈਗ ਬੱਸ ਵਿਚ ਰਿਹਾ, ਐਸਡੀਐਮ ਫਿਰੋਜ਼ਪੁਰ ਨੇ ਆਪਣੀ ਖ਼ੁਦ ਦੀ ਗੱਡੀ ਭੇਜ ਕੇ ਪ੍ਰਵਾਸੀ ਮਜ਼ਦੂਰ ਦਾ ਬੈਗ ਮੰਗਵਾਇਆ

ਪ੍ਰਵਾਸੀ ਮਜ਼ਦੂਰ ਨੇ ਐਸਡੀਐਮ ਦਾ ਕੀਤਾ ਧੰਨਵਾਦ

ਫਿਰੋਜ਼ਪੁਰ 16 ਮਈ (            ) ਸ਼ਨੀਵਾਰ ਨੂੰ ਜਦੋਂ ਇੱਕ ਪ੍ਰਵਾਸੀ ਮਜ਼ਦੂਰ ਰੋਹਿਤ ਸ਼ੁਕਲਾ ਫਿਰੋਜ਼ਪੁਰ ਤੋਂ ਗੋਂਡਾ ਜਾਣ ਲਈ ਫਿਰੋਜ਼ਪੁਰ ਰੇਲਵੇ ਸਟੇਸ਼ਨ ਤੇ ਪਹੁੰਚਿਆ ਅਤੇ ਟ੍ਰੇਨ ਵਿੱਚ ਸਵਾਰ ਹੋਣ ਤੋਂ ਪਹਿਲਾਂ ਮਜ਼ਦੂਰ ਦੇ ਧਿਆਨ ਵਿਚ ਆਇਆ ਕਿ ਉਹ ਪਿੱਛੋਂ ਜਿਹੜੀ ਬੱਸ ਤੇ ਆਇਆ ਹੈ ਉਸ ਬੱਸ ਵਿੱਚ ਉਸ ਦਾ ਬੈਗ ਰਹਿ ਗਿਆ ਹੈ। ਇਹ ਗੱਲ ਪ੍ਰਵਾਸੀ ਮਜ਼ਦੂਰ ਨੇ ਮੌਕੇ ਤੇ ਮੌਜੂਦ ਐਸਡੀਐਮ ਫਿਰੋਜ਼ਪੁਰ ਅਮਿੱਤ ਗੁਪਤਾ ਦੇ ਧਿਆਨ ਵਿਚ ਲਿਆਂਦੀ। ਇਸ ਉਪਰੰਤ ਐਸਡੀਐਮ ਫਿਰੋਜ਼ਪੁਰ ਨੇ ਤੁਰੰਤ ਬੱਸ ਵਿਚੋਂ ਬੈਗ ਮੰਗਵਾਉਣ ਲਈ ਆਪਣੀ ਖ਼ੁਦ ਦੀ ਗੱਡੀ ਅਤੇ ਰੀਵੈਨਿਊ ਅਫਸਰ ਰਾਕੇਸ਼ ਅਗਰਵਾਲ ਤੇ ਸੰਤੋਖ ਤਾਖੀ  ਨੂੰ ਭੇਜਿਆ। ਐਸਡੀਐਮ ਨੇ ਆਪਣੀ ਗੱਡੀ ਭੇਜ ਕੇ ਕਰੀਬ 20 ਕਿੱਲੋਮੀਟਰ ਤੱਕ ਬੱਸ ਦੇ ਪਿੱਛੇ ਜਾ ਕੇ ਬੱਸ ਨੂੰ ਰੁਕਵਾਇਆ ਅਤੇ ਫਿਰ ਉਸ ਵਿਚੋਂ ਪ੍ਰਵਾਸੀ ਮਜ਼ਦੂਰ ਦਾ ਬੈਗ ਰਿਕਵਰ ਕੀਤਾ।

ਇਸ ਉਪਰੰਤ ਪ੍ਰਵਾਸੀ ਮਜ਼ਦੂਰ ਰੋਹਿਤ ਸ਼ੁਕਲਾ ਨੇ ਉਸ ਦਾ ਬੈਗ ਉਸ ਨੂੰ ਵਾਪਸ ਦਿਵਾਉਣ ਤੇ ਐਸਡੀਐਮ ਅਮਿੱਤ ਗੁਪਤਾ ਦਾ ਧੰਨਵਾਦ ਕੀਤਾ ਅਤੇ ਫਿਰ ਖ਼ੁਸ਼ੀ ਖ਼ੁਸ਼ੀ ਟ੍ਰੇਨ ਵਿਚ ਸਵਾਰ ਹੋ ਕੇ ਆਪਣੇ ਘਰ ਲਈ ਰਵਾਨਾ ਹੋਇਆ।